**ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ**

10 ਦਸੰਬਰ 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਅੱਜ ਇਜ਼ਰਾਈਲ ਦੇ ਪ੍ਰਧਾਨ ਮੰਤਰੀ, ਮਹਾਮਹਿਮ ਸ਼੍ਰੀ ਬੈਂਜਾਮਿਨ ਨੇਤਨਯਾਹੂ ਤੋਂ ਇੱਕ ਟੈਲੀਫੋਨ ਕਾਲ ਪ੍ਰਾਪਤ ਹੋਈ।

2. ਦੋਵੇਂ ਲੀਡਰਾਂ ਨੇ ਭਾਰਤ-ਇਜ਼ਰਾਈਲ ਰਣਨੀਤਿਕ ਸਾਂਝੇਦਾਰੀ ਵਿੱਚ ਨਿਰੰਤਰ ਗਤੀ 'ਤੇ ਤਸੱਲੀ ਪ੍ਰਗਟਾਈ ਅਤੇ ਆਪਸੀ ਲਾਭ ਲਈ ਇਨ੍ਹਾਂ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

3. ਦੋਵੇਂ ਲੀਡਰਾਂ ਨੇ ਅੱਤਵਾਦ ਦੀ ਸਖ਼ਤ ਨਿੰਦਾ ਕੀਤੀ ਅਤੇ ਅੱਤਵਾਦ ਦੇ ਸਾਰੇ ਰੂਪਾਂ ਅਤੇ ਪ੍ਰਗਟਾਵੇ ਦੇ ਪ੍ਰਤੀ ਆਪਣੀ ਜ਼ੀਰੋ-ਸਹਿਣਸ਼ੀਲਤਾ ਦੀ ਨੀਤੀ ਨੂੰ ਦੁਹਰਾਇਆ।

4. ਉਨ੍ਹਾਂ ਨੇ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਗਾਜਾ ਸ਼ਾਂਤੀ ਯੋਜਨਾ ਨੂੰ ਜਲਦੀ ਲਾਗੂ ਕਰਨ ਸਮੇਤ ਖੇਤਰ ਵਿੱਚ ਇੱਕ ਨਿਆਂਪੂਰਨ ਅਤੇ ਟਿਕਾਊ ਸ਼ਾਂਤੀ ਦੀ ਦਿਸ਼ਾ ਵਿੱਚ ਕੋਸ਼ਿਸ਼ਾਂ ਲਈ ਭਾਰਤ ਦੇ ਸਮਰਥਨ ਦੀ ਪੁਸ਼ਟੀ ਕੀਤੀ।

5. ਦੋਵੇਂ ਨੇਤਾਵਾਂ ਨੇ ਸੰਪਰਕ ਵਿੱਚ ਬਣੇ ਰਹਿਣ 'ਤੇ ਸਹਿਮਤੀ ਵਿਅਕਤ ਕੀਤੀ।

ਨਵੀਂ ਦਿੱਲੀ

10 ਦਸੰਬਰ 2025